# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 18-07-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਬਿਹਾਰ ਦੇ ਪੂਰਬੀ ਚੰਪਾਰਨ ਜ਼ਿਲ੍ਹੇ ਦੇ ਮੋਤੀਹਾਰੀ ਵਿਖੇ 7 ਹਾਜ਼ਰ 200 ਕਰੋੜ ਰੁਪਏ ਤੋਂ ਵੱਧ ਦੇ ਕਈ ਵਿਕਾਸ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ ਤੇ ਉਦਘਾਟਨ ਕੀਤਾ। ਇਹ ਵਿਕਾਸ ਪ੍ਰੋਜੈਕਟ ਰੇਲ, ਸੜਕ, ਪੇਂਡੂ ਵਿਕਾਸ, ਮੱਛੀ ਪਾਲਣ, ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਖੇਤਰਾਂ ਨਾਲ ਸਬੰਧਤ ਨੇ। ਇਸ ਮੌਕੇ ਇਕੱਠ ਨੂੰ ਸਬੋਧਨ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ।

**BYTE:**

---------------------------------------------------

ਕੇਂਦਰੀ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ ਕਿਹਾ ਏ ਕਿ ਸਰਕਾਰ, ਇੱਕ ਸਿਹਤਮੰਦ ਭਾਰਤ ਲਈ ਰੋਕਥਾਮ ਵਾਲੇ, ਉਤਸ਼ਾਹਿਤ ਕਰਨ ਵਾਲੇ ਅਤੇ ਠੀਕ ਕਰਨ ਵਾਲੇ ਸਿਹਤ ਸੰਭਾਲ

ਸਿਲਸਿਲੇ ਦੀ ਸਮੁਚੀ ਪਹੁੰਚ ਨਾਲ ਕੰਮ ਕਰ ਰਹੀ ਏ। ਨਵੀਂ ਦਿੱਲੀ ਵਿੱਚ ਇੱਕ ਸਮਾਗਮ ਨੂੰ ਸੰਬੋਧਨ ਕਰਦਿਆਂ, ਸ਼੍ਰੀ ਨੱਡਾ ਨੇ ਕਿਹਾ ਕਿ ਸਰਕਾਰ ਨੇ 1 ਲਖ 77 ਹਜ਼ਾਰ ਆਯੁਸ਼ਮਾਨ ਆਰੋਗਿਆ ਮੰਦਰ ਬਣਾਏ ਨੇ, ਜੋ ਕਿਸੇ ਵੀ ਵਿਅਕਤੀ ਦਾ ਸਿਹਤ ਸੰਸਥਾ ਨਾਲ ਪਹਿਲਾ ਸੰਪਰਕ ਨੇ।

---------------------------------------------------------------

ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ. ਰਵਜੋਤ ਨੇ ਕਿਹਾ ਕਿ ਸੂਬੇ ਨੇ ਸਫਾਈ ਮਿਸ਼ਨ ਵਿੱਚ ਮਿਸਾਲੀ ਪ੍ਰਗਤੀ ਹਾਸਲ ਕੀਤੀ ਏ। ਸੂਬੇ ਦੀਆਂ ਸ਼ਹਿਰੀ ਸਥਾਨਕ ਇਕਾਈਆਂ ਨੇ ਸਫਾਈ ਅਤੇ ਸੈਨੀਟੇਸ਼ਨ ਸਥਿਤੀ ਵਿੱਚ ਸੁਧਾਰ ਲਿਆਉਣ ਲਈ ਮਿਸਾਲੀ ਭੂਮਿਕਾ ਨਿਭਾਈ ਅਤੇ ਸਵੱਛ ਸਰਵੇਖਣ 2024-25 ਦੇ ਨਤੀਜਿਆਂ ਵਿੱਚ ਬਿਹਤਰ ਪ੍ਰਦਰਸ਼ਨ ਕੀਤਾ ਏ। ਉਨ੍ਹਾਂ ਮਾਣ ਪ੍ਰਗਟਾਉਂਦਿਆਂ ਕਿਹਾ ਕਿ ਸੂਬੇ ਵਿੱਚ 46 ਸ਼ਹਿਰੀ ਸਥਾਨਕ ਇਕਾਈਆਂ ਨੇ ਵਾਟਰ ਪਲੱਸ ਦਾ ਦਰਜ ਹਾਸਲ ਕੀਤਾ ਏ ਜੋ ਕਿ ਇਸ ਸਬੰਧੀ ਭਾਰਤ ਵਿੱਚ ਸਰਬੋਤਮ ਦਰਜਾ ਏ। ਜ਼ਿਕਰਯੋਗ ਏ ਕਿ ਮੰਡੀ ਗੋਬਿੰਦਗੜ੍ਹ ਨੇ ਥਰੀ ਸਟਾਰ ਰੇਟਿੰਗ ਪ੍ਰਾਪਤ

ਕੀਤੀ ਏ ਜਦੋਂ ਕਿ ਬਠਿੰਡਾ ਨਗਰ ਨਿਗਮ ਨੂੰ ਸਵੱਛ ਸ਼ਹਿਰ ਲਈ ਸਟੇਟ ਪੁਰਸਕਾਰ ਪ੍ਰਾਪਤ ਹੋਇਆ ਏ।

-----------------------------------------------------------

ਚੰਡੀਗੜ੍ਹ ਨੇ ਇੱਕ ਵਾਰ ਫਿਰ ਵੱਕਾਰੀ ਸਵੱਛ ਸਰਵੇਖਣ 2024-25 ਵਿੱਚ, 3 ਤੋਂ 10 ਲੱਖ ਆਬਾਦੀ ਸ਼੍ਰੇਣੀ ਦੇ ਤਹਿਤ ਸੁਪਰ ਸਵੱਛ ਲੀਗ ਸ਼ਹਿਰਾਂ ਵਿੱਚ ਸਥਾਨ ਪ੍ਰਾਪਤ ਕੀਤਾ ਏ । ਇਹ ਪੁਰਸਕਾਰ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਵਲੋਂ ਬੀਤੇ ਦਿਨੀਂ ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿਖੇ ਆਯੋਜਿਤ ਇੱਕ ਸਨਮਾਨ ਸਮਾਰੋਹ ਦੌਰਾਨ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸ਼ਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੂੰ ਪ੍ਰਦਾਨ ਕੀਤਾ ਗਿਆ। ਇਹ ਰਾਸ਼ਟਰੀ ਮਾਨਤਾ ਪ੍ਰਸ਼ਾਸਕ, ਸ਼ਹਿਰ ਦੇ ਮੇਅਰ ਹਰਪ੍ਰੀਤ ਕੌਰ ਬਬਲਾ ਅਤੇ ਕਮਿਸ਼ਨਰ ਅਮਿਤ ਕੁਮਾਰਦੀ ਦੂਰਦਰਸ਼ੀ ਅਗਵਾਈ ਹੇਠ ਉਪਰਾਲਿਆਂ ਦੇ ਨਾਲ-ਨਾਲ ਸਫਾਈ ਨੂੰ ਬਰਕਰਾਰ ਰੱਖਣ, ਸੁੰਦਰੀਕਰਨ ਵਧਾਉਣ ਅਤੇ ਪਾਏਦਾਰ ਰਹਿੰਦ-ਖੂੰਹਦ ਪ੍ਰਬੰਧਨ ਅਭਿਆਸਾਂ ਨੂੰ ਅਪਣਾਉਣ ਵਿੱਚ ਨਾਗਰਿਕਾਂ ਦੀ ਉਤਸ਼ਾਹੀ ਭਾਗੀਦਾਰੀ ਦਾ ਪ੍ਰਮਾਣ ਏ।

---------------------------------------------------------

ਪੰਜਾਬ ਵਿੱਚ, ਪਾਕਿਸਤਾਨ ਸਥਿਤ ਤਸਕਰਾਂ ਨੇ ਪਿਛਲੇ ਕੁਝ ਦਿਨਾਂ ਵਿੱਚ, ਡਰੋਨਾਂ ਰਾਹੀਂ ਭਾਰਤੀ ਖੇਤਰ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਦੀਆਂ ਆਪਣੀਆਂ ਗਤੀਵਿਧੀਆਂ ਵਧਾ ਦਿੱਤੀਆਂ ਨੇ। ਹਾਲਾਂਕਿ, ਸੀਮਾ ਸੁਰੱਖਿਆ ਬਲ, BSF ਸੂਤਰਾਂ ਦੇ ਹਵਾਲੇ ਨਾਲ, ਸਾਡੇ ਜਲੰਧਰ ਵਾਲੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ BSF ਜਵਾਨਾਂ ਨੇ ਪਿਛਲੇ ਦੋ ਦਿਨਾਂ ਵਿੱਚ, ਅੰਮ੍ਰਿਤਸਰ ਅਤੇ ਫਿਰੋਜ਼ਪੁਰ ਸੈਕਟਰ ਵਿੱਚ ਵੱਖ-ਵੱਖ ਕਾਰਵਾਈਆਂ ਦੌਰਾਨ, 6 ਡਰੋਨਾਂ ਨੂੰ ਬੇਅਸਰ ਕਰਕੇ ਅਤੇ 10 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਬਰਾਮਦ ਕਰਦਿਆਂ ਤਸਕਰਾਂ ਦੇ ਨਾਪਾਕ ਮਨਸੂਬਿਆਂ ਨੂੰ ਨਾਕਾਮ ਕੀਤਾ ਏ। BSF ਜਵਾਨਾਂ ਨੇ ਪੰਜਾਬ ਸਰਹੱਦ 'ਤੇ ਤਾਇਨਾਤ, ਤਕਨੀਕੀ ਜਵਾਬੀ ਉਪਾਵਾਂ ਨਾਲ ਅੰਮ੍ਰਿਤਸਰ ਸਰਹੱਦ 'ਤੇ ਲਗਾਤਾਰ ਡਰੋਨ ਘੁਸਪੈਠ ਨੂੰ ਰੋਕਿਆ ਅਤੇ ਕੱਲ੍ਹ ਰਾਤ ਅਤੇ ਅੱਜ ਸਵੇਰੇ ਪਾਕਿਸਤਾਨ ਤੋਂ ਆਉਣ ਵਾਲੇ ਹਰੇਕ ਨਾਰਕੋ ਡਰੋਨ ਨੂੰ ਬੇਅਸਰ ਕਰ ਦਿੱਤਾ । ਥਾਵਾਂ ਤੋਂ 2 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਵੀ ਬਰਾਮਦ ਕੀਤੀ ਗਈ ਏ। ਫਿਰੋਜ਼ਪੁਰ ਸਰਹੱਦ 'ਤੇ, ਜਵਾਨਾਂ ਨੇ ਕੱਲ੍ਹ 8 ਕਿਲੋਗ੍ਰਾਮ

ਤੋਂ ਵੱਧ ਨਸ਼ੀਲੇ ਪਦਾਰਥਾਂ ਨਾਲ ਹੈਰੋਇਨ ਦੇ 15 ਪੈਕੇਟ ਦੀ ਇੱਕ ਵੱਡੀ ਖੇਪ ਬਰਾਮਦ ਕੀਤੀ ਏ।

---------------------------------------------------------------

ਅੰਮ੍ਰਿਤਸਰ ਕਾਊਂਟਰ ਇੰਟੈਲੀਜੈਂਸ ਨੇ ਪਾਕਿਸਤਾਨ ਨਾਲ ਸਬੰਧਤ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦੇ ਇੱਕ ਸੰਚਾਲਕ ਨੂੰ 30 ਬੋਰ ਦੇ 10 ਆਧੁਨਿਕ ਪਿਸਤੌਲਾਂ ਅਤੇ ਮੈਗਜ਼ੀਨਾਂ ਸਮੇਤ ਗ੍ਰਿਫ਼ਤਾਰ ਕੀਤਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਦੀ ਪਛਾਣ ਤਰਨਤਾਰਨ ਦੇ ਪਿੰਡ ਡੱਲ ਵਾਸੀ ਹਰਜਿੰਦਰ ਸਿੰਘ ਵਜੋਂ ਹੋਈ ਏ । ਇਹ ਇਕ ਨਸ਼ਾ ਤਸਕਰ ਏ ਅਤੇ ਇਸਦੇ ਖਿਲਾਫ ਦੋ ਮਾਮਲੇ ਦਰਜ ਨੇ ਅਤੇ ਹਾਲ ਹੀ ਵਿੱਚ ਉਹ ਜੇਲ੍ਹ ਤੋਂ ਜ਼ਮਾਨਤ 'ਤੇ ਰਿਹਾਅ ਹੋਇਆ ਏ। ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਮੁਲਜ਼ਮ ਪਾਕਿਸਤਾਨ ਅਧਾਰਤ ਤਸਕਰ ਨਾਲ ਮਿਲ ਕੇ ਸੂਬੇ ਭਰ ਦੇ ਅਪਰਾਧੀਆਂ ਅਤੇ ਗੈਂਗਸਟਰਾਂ ਨੂੰ ਹਥਿਆਰ ਸਪਲਾਈ ਕਰ ਰਿਹਾ ਸੀ। ਅਗਲੇਰੀ ਜਾਂਚ ਜਾਰੀ ਏ ।

---

ਜੰਗਲਾਤ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਸ਼ਾਹਰਾਹਾਂ ਦੇ ਦੋਵੇਂ ਪਾਸੇ ਫੁੱਲਾਂ ਵਾਲੇ ਬੂਟੇ ਲਗਾਉਣ ਵਾਲੇ ਇੱਕ ਆਜ਼ਮਾਇਸ਼ੀ ਪ੍ਰੋਜੈਕਟ ਦਾ ਐਲਾਨ ਕੀਤਾ ਏ। ਇੱਕ ਸੂਬਾ ਪੱਧਰੀ ਵਿਸ਼ੇਸ਼ ਕਮੇਟੀ ਇਸ ਪ੍ਰੋਜੈਕਟ ਦੀ ਨਿਗਰਾਨੀ ਕਰੇਗੀ ਅਤੇ ਸਮੇਂ-ਸਮੇਂ ਇਸਦੀ ਸਮੀਖਿਆ ਵੀ ਕਰੇਗੀ। ਮੁੱਢਲੇ ਗੇੜ ਵਿੱਚ, ਇਹ ਪ੍ਰੋਜੈਕਟ 5 ਜ਼ਿਲਿਆਂ ਰੋਪੜ ਦੇ ਸ੍ਰੀ ਆਨੰਦਪੁਰ ਸਾਹਿਬ , ਸ਼ਹੀਦ ਭਗਤ ਸਿੰਘ ਨਗਰ ਦੇ ਪਿੰਡ ਖਟਕੜ ਕਲਾਂ , ਸੰਗਰੂਰ, ਪਠਾਨਕੋਟ ਅਤੇ ਅੰਮ੍ਰਿਤਸਰ ਵਿੱਚ ਲਾਗੂ ਕੀਤਾ ਜਾਵੇਗਾ। ਪ੍ਰੋਜੈਕਟ ਤਹਿਤ 500 ਮੀਟਰ ਦੀ ਦੂਰੀ ’ਤੇ 5, 6 ਅਤੇ 7 ਫੁੱਟ ਤੱਕ ਦੀ ਉਚਾਈ ਵਾਲੇ ਬੂਟੇ ਲਗਾਏ ਜਾਣਗੇ। ਮੰਤਰੀ ਨੇ ਪੰਜਾਬ ਭਵਨ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਬੂਟਿਆਂ ਦੇ ਵਧਣ-ਫੁੱਲਣ ਤੇ ਸਾਂਭ ਸੰਭਾਲ ਨੂੰ ਯਕੀਨੀ ਬਣਾਉਣ ਲਈ ਢੁਕਵੀਂ ਨਜ਼ਰਸਾਨੀ ਕੀਤੀ ਜਾਵੇਗੀ। ਇਸ ਤੋਂ ਇਲਾਵਾ, ਵਾੜ ਲਗਾਉਣ ਦਾ ਕੰਮ ਵੀ ਕੀਤਾ ਜਾਵੇਗਾ ਤਾਂ ਜੋ ਬੂਟਿਆਂ ਨੂੰ ਆਵਾਰਾ ਜਾਨਵਰਾਂ ਤੋਂ ਬਚਾਇਆ ਜਾ ਸਕੇ। ਮੰਤਰੀ ਨੇ ਦੱਸਿਆ ਕਿ ਅੱਜ ਦੀ ਪੀੜ੍ਹੀ ਨੂੰ ਰੁੱਖਾਂ ਅਤੇ

ਵਾਤਾਵਰਣ ਦੀ ਸੁਰੱਖਿਆ ਪ੍ਰਤੀ ਸੰਵੇਦਨਸ਼ੀਲ ਬਣਾਉਣ ਲਈ, ਭਾਸ਼ਣ ਅਤੇ ਕਵਿਤਾ ਮੁਕਾਬਲੇ 23 ਜੁਲਾਈ ਤੋਂ ਬਟਾਲਾ ਵਿਖੇ ਉਘੇ ਕਵੀ ਸ਼ਿਵ ਕੁਮਾਰ ਬਟਾਲਵੀ ਦੇ ਜਨਮ ਦਿਵਸ ਵਾਲੇ ਦਿਨ ਤੋਂ ਸ਼ੁਰੂ ਕਰਵਾਏ ਜਾਣਗੇ। ਇਹ ਮੁਕਾਬਲੇ ਇੱਕ ਮਹੀਨੇ ਤੱਕ ਚੱਲਣਗੇ ਅਤੇ ਸਕੂਲ ਅਤੇ ਕਾਲਜ ਪੱਧਰ ਉੱਤੇ ਕਰਵਾਏ ਜਾਣਗੇ। ਇਹਨਾਂ ਮੁਕਾਬਲਿਆਂ ਦੇ ਪਹਿਲੇ ਗੇੜ ਦੇ ਜੇਤੂ ਅੱਗੇ ਸੂਬਾ ਪੱਧਰ ’ਤੇ ਆਪਣੇ ਹੁਨਰ ਦਾ ਪ੍ਰਦਰਸ਼ਨ ਕਰਨਗੇ।

--------------------------------------------------

ਹੰਗਰੀ ਦੀ ਰਾਜਧਾਨੀ ਬੁਡਾਪੇਸਟ ਵਿੱਚ ਪੋਲਕ ਇਮਰੇ ਅਤੇ ਵਰਗਾ ਜਾਨੋਸ ਮੈਮੋਰੀਅਲ ਕੁਸ਼ਤੀ ਟੂਰਨਾਮੈਂਟ ਵਿੱਚ, ਭਾਰਤ ਦੇ ਸੁਜੀਤ ਕਲਕਲ ਨੇ ਸੋਨੇ ਦਾ ਤਮਗਾ ਜਿੱਤਿਆ ਏ। ਉਨ੍ਹਾਂ ਇਹ ਤਮਗਾ 65 ਕਿਲੋਗ੍ਰਾਮ ਪੁਰਸ਼ਾਂ ਦੇ ਫ੍ਰੀ-ਸਟਾਈਲ ਵਰਗ ਵਿੱਚ ਜਿੱਤਿਆ ਏ। ਸੁਜੀਤ ਨੇ ਫਾਈਨਲ ਵਿੱਚ ਚਾਰ ਵਾਰ ਦੇ ਯੂਰਪੀਅਨ ਤਮਗਾ ਜੇਤੂ ਅਜਰਬੈਜਾਨ ਦੇ ਅਲੀ ਰਹੀਮ-ਜ਼ਾਦੇ ਨੂੰ ਹਰਾਇਆ। ਇਸ ਸਾਲ ਯੂਨਾਈਟਿਡ ਵਰਲਡ ਰੈਸਲਿੰਗ ਰੈਂਕਿੰਗ ਲੜੀ ਦੇ ਕਿਸੇ ਵੀ ਮੁਕਾਬਲੇ

ਵਿੱਚ ਇਹ ਦੇਸ਼ ਦਾ ਪਹਿਲਾ ਸੋਨ ਤਮਗਾ ਏ । ਮੁਕਾਬਲੇ ਵਿੱਚ, ਇੱਕ ਹੋਰ ਭਾਰਤੀ ਪਹਿਲਵਾਨ ਰਾਹੁਲ ਨੇ 57 ਕਿਲੋਗ੍ਰਾਮ ਮਰਦਾਂ ਦੇ ਫ੍ਰੀਸਟਾਈਲ ਵਰਗ ਵਿੱਚ ਜਰਮਨੀ ਦੇ ਨਿਕਲਾਸ ਸਟੇਚੇਲ ਨੂੰ ਹਰਾ ਕੇ ਕਾਂਸੀ ਦਾ ਤਮਗਾ ਜਿੱਤਿਆ।